

# - ਸਾਵਣ -



## ਤੁਖਾਰੀ ਛੰਤ ਮਹਲਾ ੧ ਬਾਰਹ ਮਾਹਾ

ਸਾਵਣਿ ਸਰਸ ਮਨਾ ਘਣ ਵਰਸਹਿ ਰੁਤਿ ਆਏ ॥
ਮੈ ਮਨਿ ਤਨਿ ਸਹੁ ਭਾਵੈ ਪਿਰ ਪਰਦੇਸਿ ਸਿਧਾਏ ॥
ਪਿਰੁ ਘਰਿ ਨਹੀਂ ਆਵੈ ਮਰੀਐ ਹਾਵੈ ਦਾਮਨਿ ਚਮਕਿ ਡਰਾਏ ॥
ਸੇਜ ਇਕੇਲੀ ਖਰੀ ਦੁਹੇਲੀ ਮਰਣੁ ਭਇਆ ਦੁਖ ਮਾਏ ॥
ਹਰਿ ਬਿਨੁ ਨੀਦ ਭੂਖ ਕਹੁ ਕੈਸੀ ਕਾਪੜੁ ਤਨਿ ਨ ਸੁਖਾਵਏ ॥
ਨਾਨਕ ਸਾ ਸੋਹਾਗਣਿ ਕੰਤੀ ਪਿਰ ਕੈ ਅੰਕਿ ਸਮਾਵਏ ॥੯॥

*(ਸ੍ਰੀ ਗੁਰੂ ਗ੍ਰੰਥ ਸਾਹਿਬ ਪੰਨਾ 1108)*



## ਬਾਰਹ ਮਾਹਾ ਮਾਂਝ ਮਹਲਾ ੫ ਘਰੁ ੪

ਸਾਵਣਿ ਸਰਸੀ ਕਾਮਣੀ ਚਰਨ ਕਮਲ ਸਿਉ ਪਿਆਰੁ ॥
ਮਨੁ ਤਨੁ ਰਤਾ ਸਚ ਰੰਗਿ ਇਕੋ ਨਾਮੁ ਆਧਾਰੁ ॥
ਬਿਖਿਆ ਰੰਗ ਕੂੜਾਵਿਆ ਦਿਸਨਿ ਸਭੇ ਛਾਰੁ ॥
ਹਰਿ ਅੰਮ੍ਰਿਤ ਬੂੰਦ ਸੁਹਾਵਣੀ ਮਿਲਿ ਸਾਧੂ ਪੀਵਣਹਾਰ ॥
ਵਣੁ ਤਿਣੁ ਪ੍ਰਭ ਸੰਗਿ ਮਉਲਿਆ ਸੰਮ੍ਰਥ ਪੁਰਖ ਅਪਾਰੁ ॥
ਹਰਿ ਮਿਲਣੈ ਨੋ ਮਨੁ ਲੋਚਦਾ ਕਰਮਿ ਮਿਲਾਵਣਹਾਰੁ ॥
ਜਿਨੀ ਸਖੀਏ ਪ੍ਰਭੁ ਪਾਇਆ ਹੰਉ ਤਿਨ ਕੈ ਸਦ ਬਲਿਹਾਰ ॥
ਨਾਨਕ ਹਰਿ ਜੀ ਮਇਆ ਕਰਿ ਸਬਦਿ ਸਵਾਰਣਹਾਰੁ ॥
ਸਾਵਣੁ ਤਿਨਾ ਸੁਹਾਗਣੀ ਜਿਨ ਰਾਮ ਨਾਮੁ ਉਰਿ ਹਾਰੁ ॥੬॥

*(ਸ੍ਰੀ ਗੁਰੂ ਗ੍ਰੰਥ ਸਾਹਿਬ ਪੰਨਾ 134)*



## *ਸਵੈਯਾ ॥*

*ਤਾਲ ਭਰੇ ਜਲ ਪੂਰਨਿ ਸੌ ਅਰੁ ਸਿੰਧ ਮਿਲੀ ਸਰਤਾ ਸਭ ਜਾਈ॥*
*ਤੈਸੇ ਘਟਾਨ ਮਿਲੀ ਅਤਿ ਹੀ ਪਪੀਹਾ ਪਿਯ ਟੇਰ ਲਗਾਈ॥*
*ਸਾਵਨ ਮਾਹਿ ਲਗਿਓ ਬਰਸਾਵਨ ਭਾਵਨ ਨਾਹਿ ਹਹਾ ਘਰ ਮਾਈ॥*
*ਲਾਗ ਰਹਯੋ ਪੁਰ ਭਾਮਨ ਸੋ ਟਸਕਯੋ ਨ ਹੀਯੋ ਕਸਕਯੋ ਨ ਕਸਾਈ॥ ੯੧੮॥*

*(ਸ੍ਰੀ ਦਸਮ ਗ੍ਰੰਥ)*